# ਆਕਾਸ਼ਵਾਣੀ ਜਲੰਧਰ

# ਪ੍ਰਾਦੇਸ਼ਿਕ ਖਬਰਾਂ

## 13:10

**ਮਿਤੀ :12-09-2026**

ਧੰਨ-ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਧਾਰਮਿਕ ਸਮਾਗਮਾਂ ਦੀ ਲੜੀ ਤਹਿਤ ਅੱਜ ਅੰਮ੍ਰਿਤਸਰ ਵਿੱਚ ਪੁਰਾਤਨ ਪਰੰਪਰਾ ਅਨੁਸਾਰ ਨਗਰ ਕੀਰਤਨ ਸਜਾਇਆ ਗਿਆ। ਗੁਰਦੁਆਰਾ ਸ੍ਰੀ ਰਾਮਸਰ ਸਾਹਿਬ ਤੋਂ ਸੱਚਖੰਡ ਸ੍ਰੀ ਦਰਬਾਰ ਸਾਹਿਬ ਤੱਕ ਸਜਾਏ ਗਏ ਇਸ ਨਗਰ ਕੀਰਤਨ ਦੀ ਰਵਾਨਗੀ ਮੌਕੇ ਪੂਰਾ ਮਾਹੌਲ ਗੁਰਬਾਣੀ ਕੀਰਤਨ ਅਤੇ ਸਤਿਨਾਮ ਵਾਹਿਗੁਰੂ ਦੇ ਜਾਪ ਨਾਲ ਗੂੰਜ ਉੱਠਿਆ। ਗੁਰਦੁਆਰਾ ਸ੍ਰੀ ਰਾਮਸਰ ਸਾਹਿਬ ਵਿਖੇ ਸਵੇਰ ਤੋਂ ਹੀ ਸੰਗਤਾਂ ਦੀ ਆਮਦ ਸ਼ੁਰੂ ਹੋ ਗਈ ਸੀ। ਗੁਰਬਾਣੀ ਕੀਰਤਨ, ਅਰਦਾਸ ਅਤੇ ਧਾਰਮਿਕ ਸਮਾਗਮਾਂ ਤੋਂ ਬਾਅਦ ਪੂਰੀ ਗੁਰਮਰਿਆਦਾ ਅਨੁਸਾਰ ਪਾਵਨ ਸਰੂਪ ਨੂੰ ਸੁੰਦਰ ਪਾਲਕੀ ਸਾਹਿਬ ਵਿੱਚ ਸੁਸ਼ੋਭਿਤ ਕਰਕੇ ਪੰਜ ਪਿਆਰਿਆਂ ਦੀ ਅਗਵਾਈ ਵਿੱਚ ਨਗਰ ਕੀਰਤਨ ਦੀ ਰਵਾਨਗੀ ਕੀਤੀ ਗਈ। ਇਸ ਮੌਕੇ ਸ੍ਰੀ ਦਰਬਾਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਅਮਰਜੀਤ ਸਿੰਘ ਜੀ ਨੇ ਕਿਹਾ ਕਿ ਭਾਦਰੋਂ ਸੁਦੀ ਏਕਮ 1661

ਬਿਕਰਮੀ, 1604 ਈਸਵੀ ਨੂੰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਹਿਲਾ ਪ੍ਰਕਾਸ਼ ਕੀਤਾ ਗਿਆ ਸੀ

:BYTE

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਵੀ ਸਮੁੱਚੇ ਗੁਰੂ ਨਾਨਕ ਨਾਮਲੇਵਾ ਪਰਿਵਾਰਾਂ ਨੂੰ ਪਹਿਲੇ ਪ੍ਰਕਾਸ਼ ਪੁਰਬ ਦੀ ਵਧਾਈ ਦਿੰਦਿਆਂ ਗੁਰੂ ਸਾਹਿਬ ਅੱਗੇ ਸਰਬੱਤ ਦੇ ਭਲੇ, ਸੁਖ-ਸ਼ਾਂਤੀ ਅਤੇ ਚੜ੍ਹਦੀ ਕਲਾ ਦੀ ਅਰਦਾਸ ਕੀਤੀ। ਮੁੱਖ ਮੰਤਰੀ ਭਗਵੰਤ ਮਾਨ ਨੇ ਵੀ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਪੁਰਬ ਦੀਆਂ ਦੇਸ਼-ਵਿਦੇਸ਼ ਵਿੱਚ ਵੱਸਦੀਆਂ ਸਮੂਹ ਸੰਗਤਾਂ ਨੂੰ ਵਧਾਈਆਂ ਦਿੱਤੀਆਂ ਨੇ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਸਾਡੇ ਪੰਜਾਬ ਨੂੰ ਚੜ੍ਹਦੀ ਕਲਾ ਬਖ਼ਸ਼ਣ, ਹਰ ਘਰ ਵਿੱਚ ਸੁੱਖ-ਸ਼ਾਂਤੀ ਤੇ ਖ਼ੁਸ਼ਹਾਲੀ ਆਵੇ ਅਤੇ ਸਾਡੀ ਆਪਸੀ ਭਾਈਚਾਰਕ ਸਾਂਝ ਹੋਰ ਮਜ਼ਬੂਤ ਰਹੇ। ਓਧਰ, ਇਸ ਮੌਕੇ ਗ੍ਰਹਿ ਮੰਤਰੀ ਅਮਿਤ ਸ਼ਾਹ ਤੇ ਲੋਕ ਸਭਾ ਸਪੀਕਰ ਓਮ ਬਿਰਲਾ ਨੇ ਵੀ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਦੀਆਂ ਵਧਾਈਆਂ ਦਿੱਤੀਆਂ ਨੇ।

-----------------------------------------------------

ਸਾਰਾਗੜ੍ਹੀ ਦੀ ਲੜਾਈ ਦੀ ਯਾਦ ਵਿੱਚ, ਅੱਜ ਫਿਰੋਜ਼ਪੁਰ ਵਿਖੇ ਸਾਰਾਗੜ੍ਹੀ ਦੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ। ਸਾਰਾਗੜ੍ਹੀ ਦੀ

ਲੜਾਈ ਵਿਸ਼ਵ ਫੌਜੀ ਇਤਿਹਾਸ ਦੀਆਂ ਸਭ ਤੋਂ ਬੇਮਿਸਾਲ ਲੜਾਈਆਂ ਵਿੱਚੋਂ ਇੱਕ ਏ। ਲਗਭਗ 127 ਸਾਲ ਪਹਿਲਾਂ, 12 ਸਤੰਬਰ 1897 ਨੂੰ, ਬ੍ਰਿਟਿਸ਼-ਭਾਰਤੀ ਫੌਜ ਦੀ 36ਵੀਂ ਸਿੱਖ ਰੈਜੀਮੈਂਟ ਦੇ 21 ਬਹਾਦਰ ਸਿਪਾਹੀਆਂ ਨੇ ਲਗਭਗ 10 ਹਜ਼ਾਰ ਅਫਗਾਨੀ ਕਬਾਇਲੀਆਂ ਨਾਲ ਲੜਦੇ ਹੋਏ ਆਪਣੀ ਸਰਵਉੱਚ ਕੁਰਬਾਨੀ ਦਿੱਤੀ ਸੀ। 36ਵੀਂ ਸਿੱਖ ਰੈਜੀਮੈਂਟ ਨੂੰ ਹੁਣ ਭਾਰਤੀ ਫੌਜ ਦੀ 4ਵੀਂ ਸਿੱਖ ਰੈਜੀਮੈਂਟ ਵਜੋਂ ਜਾਣਿਆ ਜਾਂਦਾ ਏ। ਅੱਜ ਇਨ੍ਹਾਂ ਸ਼ਹੀਦਾਂ ਨੂੰ ਨਿੱਘੀ ਸ਼ਰਧਾਂਜਲੀ ਭੇਟ ਕੀਤੀ ਗਈ।

---------------------------------------------------

ਪੰਜਾਬ ਪੁਲਿਸ ਦੀ ਐਂਟੀ-ਗੈਂਗਸਟਰ ਟਾਸਕ ਫੋਰਸ (AGTF) ਅਤੇ ਵਿਦੇਸ਼ਾਂ ਵਿਚ ਭਗੌੜਿਆਂ ਦੀ ਭਾਲ ਕਰਨ ਵਾਲੇ ਵਿਭਾਗ ਨੇ ਕੇਂਦਰੀ ਏਜੰਸੀਆਂ ਦੇ ਤਾਲਮੇਲ ਨਾਲ ਮੋਲਡੋਵਾ ਗਣਰਾਜ ਤੋਂ ਇੱਕ ਭਗੌੜੇ ਅਪਰਾਧੀ ਅੰਮ੍ਰਿਤਪਾਲ ਸਿੰਘ ਉਰਫ਼ ਅੰਮ੍ਰਿਤ ਦਾਲਮ ਨੂੰ ਭਾਰਤ ਵਾਪਸ ਲੈ ਕੇ ਆਉਣ ਵਿੱਚ ਸਫਲਤਾ ਹਾਸਲ ਕੀਤੀ ਏ। ਐਸ ਪੀ (ਏ ਜੀ ਟੀ ਐਫ) ਬਿਕਰਮਜੀਤ ਸਿੰਘ ਬਰਾੜ ਦੀ ਅਗਵਾਈ ਹੇਠ ਪੰਜਾਬ ਪੁਲਿਸ ਦੀ ਚਾਰ ਮੈਂਬਰੀ ਟੀਮ ਅੱਜ ਸਵੇਰੇ ਉਸਨੂੰ ਵਾਪਸ ਲੈ ਆਈ। ਇਹ ਮੁਲਜ਼ਮ ਇੱਕ ਬਦਨਾਮ ਗਿਰੋਹ ਦਾ ਮੁੱਖ ਸੰਚਾਲਕ ਏ ਅਤੇ ਕਤਲ ਗੈਰ-ਕਾਨੂੰਨੀ ਗਤੀਵਿਧੀਆਂ (ਰੋਕਥਾਮ) ਐਕਟ ਯੂ ਏ ਪੀ ਏ , ਅਸਲਾ ਐਕਟ ਅਤੇ ਨਾਰਕੋਟਿਕ ਅਪਰਾਧਾਂ ਦੇ ਕਈ ਮਾਮਲਿਆਂ ਵਿੱਚ ਲੋੜੀਂਦਾ

ਸੀ। ਪੁਲਿਸ ਮੁਖੀ ਗੌਰਵ ਯਾਦਵ ਨੇ ਜਾਣਕਾਰੀ ਸਾਂਝੀ ਕਰਦੇ ਹੋਏ ਕਿਹਾ ਕਿ ਇਹ ਕਿਸੇ ਯੂਰਪੀਅਨ ਦੇਸ਼ ਤੋਂ ਪੰਜਾਬ ਪੁਲਿਸ ਦੁਆਰਾ ਪ੍ਰਾਪਤ ਕੀਤੀ ਗਈ ਪਹਿਲੀ ਹਵਾਲਗੀ ਏ।

---------------------------------------------------------

ਸ੍ਰੀ ਮੁਕਤਸਰ ਸਾਹਿਬ ਦੇ ਐਸ.ਡੀ.ਐਮ. ਗੁਰਕਿਰਨਦੀਪ ਸਿੰਘ  ਨੇ ਦੱਸਿਆ ਕਿ ਦੇਸ਼ ਭਗਤ ਗਲੋਬਲ ਸਕੂਲ ਵਿਖੇ 15 ਸਤੰਬਰ ਨੂੰ ਜ਼ਿਲ੍ਹਾ ਪੱਧਰੀ ਰੁਜ਼ਗਾਰ ਮੇਲਾ ਲਗਾਇਆ ਜਾ ਰਿਹਾ ਏ। ਇਸ ਵਿੱਚ ਵੱਖ-ਵੱਖ ਨਾਮੀ ਕੰਪਨੀਆਂ ਸ਼ਾਮਿਲ ਹੋਣਗੀਆਂ, ਜੋ 10ਵੀਂ, 12ਵੀਂ, ਗ੍ਰੈਜੂਏਟ ਅਤੇ ਪੋਸਟ ਗ੍ਰੈਜੂਏਟ ਪਾਸ ਬੇਰੁਜ਼ਗਾਰ ਪ੍ਰਾਰਥੀਆਂ ਨੂੰ ਉਨ੍ਹਾਂ ਦੀ ਯੋਗਤਾ ਅਨੁਸਾਰ ਰੁਜ਼ਗਾਰ ਦੇ ਮੌਕੇ ਪ੍ਰਦਾਨ ਕਰਨਗੀਆਂ। ਇਸ ਸਬੰਧੀ ਉਨ੍ਹਾਂ ਨੇ ਜ਼ਿਲ੍ਹੇ ਦੇ ਸਮੂਹ ਕਾਲਜਾਂ, ਆਈ.ਟੀ.ਆਈਜ਼., ਪੋਲੀਟੈਕਨੀਕਲ ਕਾਲਜਾਂ ਦੇ ਮੁਖੀਆਂ  ਅਤੇ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਵੀ ਕੀਤੀ ਏ।

---------------------------------------------------------

ਰਾਸ਼ਟਰੀ ਇੰਡੀਅਨ ਮਿਲਟਰੀ ਕਾਲਜ (ਆਰ.ਆਈ.ਐਮ.ਸੀ.), ਦੇਹਰਾਦੂਨ ਵਿਖੇ ਜੁਲਾਈ 2027 ਟਰਮ ਵਿੱਚ ਦਾਖ਼ਲੇ ਲਈ ਯੋਗ ਲੜਕੇ ਅਤੇ ਲੜਕੀਆਂ ਤੋਂ ਅਰਜ਼ੀਆਂ ਦੀ ਮੰਗ ਕੀਤੀ ਗਈ ਏ। ਇਸ ਸਬੰਧੀ ਜਾਣਕਾਰੀ ਦਿੰਦਿਆਂ ਇਕ ਸਰਕਾਰੀ ਬੁਲਾਰੇ ਨੇ ਦੱਸਿਆ ਕਿ

ਜੁਲਾਈ ਦਾਖ਼ਲੇ ਲਈ ਲਿਖਤੀ ਦਾਖ਼ਲਾ ਪ੍ਰੀਖਿਆ ਨੈਸ਼ਨਲ ਟੈਸਟਿੰਗ ਏਜੰਸੀ (ਐਨ.ਟੀ.ਏ.) ਵੱਲੋਂ 6 ਦਸੰਬਰ, 2026 ਦਿਨ ਐਤਵਾਰ ਨੂੰ ਹੋਵੇਗੀ। ਇਸ ਪ੍ਰੀਖਿਆ ਲਈ ਉਹ ਉਮੀਦਵਾਰ ਯੋਗ ਹਨ, ਜਿਨ੍ਹਾਂ ਦਾ ਜਨਮ 2 ਜੁਲਾਈ, 2013 ਤੋਂ 1 ਜਨਵਰੀ, 2015 ਦਰਮਿਆਨ ਹੋਇਆ ਹੋਵੇ ਅਤੇ ਉਹ ਕਿਸੇ ਮਾਨਤਾ ਪ੍ਰਾਪਤ ਸਕੂਲ ਵਿੱਚ ਸੱਤਵੀਂ ਜਮਾਤ ਵਿੱਚ ਪੜ੍ਹਦੇ ਹੋਣ ਜਾਂ ਸੱਤਵੀਂ ਜਮਾਤ ਪਾਸ ਕਰ ਚੁੱਕੇ ਹੋਣ।

---------------------------------------------------

ਮੌਸਮ ਵਿਭਾਗ ਨੇ ਪੰਜਾਬ, ਹਰਿਆਣਾ ਤੇ ਚੰਡੀਗੜ੍ਹ ਵਿਚ ਕੱਲ੍ਹ 13 ਸਤੰਬਰ ਤੋਂ 15 ਸਤੰਬਰ ਤੱਕ ਕੁਝ ਥਾਵਾਂ ਤੇ ਭਾਰੀ ਬਾਰਿਸ਼ ਹੋਣ ਦਾ ਯੈਲੋ ਅਲਰਟ ਜਾਰੀ ਕੀਤਾ ਗਿਆ ਏ। ਪੰਜਾਬ ਵਿਚ ਜ਼ਿਆਦਾ ਪ੍ਰਭਾਵਿਤ ਹੋਣ ਵਾਲੇ ਜਿਲ੍ਹਿਆਂ ਵਿਚ ਪਠਾਨਕੋਟ, ਗੁਰਦਾਸਪੁਰ ਤੇ ਹੁਸ਼ਿਆਰਪੁਰ ਹਨ। ਇਸ ਦੌਰਾਨ ਬਠਿੰਡਾ ਕੱਲ੍ਹ 38 ਡਿਗਰੀ ਤਾਪਮਾਨ ਨਾਲ ਅਤੇ ਹਰਿਆਣਾ ਦਾ ਸਿਰਸਾ 38.8 ਡਿਗਰੀ ਸੈਲਸੀਅਸ ਤਾਪਮਾਨ ਨਾਲ ਸਭ ਤੋਂ ਗਰਮ ਸ਼ਹਿਰ ਰਹੇ। ਚੰਡੀਗੜ੍ਹ ਵਿਚ ਵੱਧ ਤੋਂ ਵੱਧ ਤਾਪਮਾਨ 35.7 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ।

---------------------------------------------------